**ਹਉ ਗੋਸਾਈ ਦਾ ਪਹਿਲਵਾਨੜਾ ॥ ਮੈ ਗੁਰ ਮਿਲਿ ਉਚ ਦੁਮਾਲੜਾ ॥ ਸਭ ਹੋਈ ਛਿੰਝ ਇਕਠੀਆ ਦਯੁ ਬੈਠਾ ਵੇਖੈ ਆਪਿ ਜੀਉ ॥੧੭॥ ਵਾਤ ਵਜਨਿ ਟੰਮਕ ਭੇਰੀਆ ॥ ਮਲ ਲਥੇ ਲੈਦੇ ਫੇਰੀਆ ॥ ਨਿਹਤੇ ਪੰਜਿ ਜੁਆਨ ਮੈ ਗੁਰ ਥਾਪੀ ਦਿਤੀ ਕੰਡਿ ਜੀਉ ॥੧੮॥ ਸਭ ਇਕਠੇ ਹੋਇ ਆਇਆ ॥ ਘਰਿ ਜਾਸਨਿ ਵਾਟ ਵਟਾਇਆ ॥ ਗੁਰਮੁਖਿ ਲਾਹਾ ਲੈ ਗਏ ਮਨਮੁਖ ਚਲੇ ਮੂਲੁ ਗਵਾਇ ਜੀਉ ॥੧੯॥ ਤੂੰ ਵਰਨਾ ਚਿਹਨਾ ਬਾਹਰਾ ॥ ਹਰਿ ਦਿਸਹਿ ਹਾਜਰੁ ਜਾਹਰਾ ॥ ਸੁਣਿ ਸੁਣਿ ਤੁਝੈ ਧਿਆਇਦੇ ਤੇਰੇ ਭਗਤ ਰਤੇ ਗੁਣਤਾਸੁ ਜੀਉ ॥੨੦॥ ਮੈ ਜੁਗਿ ਜੁਗਿ ਦਯੈ ਸੇਵੜੀ ॥ ਗੁਰਿ ਕਟੀ ਮਿਹਡੀ ਜੇਵੜੀ ॥ ਹਉ ਬਾਹੁੜਿ ਛਿੰਝ ਨ ਨਚਊ ਨਾਨਕ ਅਉਸਰੁ ਲਧਾ ਭਾਲਿ ਜੀਉ ॥੨੧॥੨॥੨੯॥** {ਪੰਨਾ 74}

ਪਦਅਰਥ:- ਹਉ—ਹਉਂ, ਮੈਂ। ਗੋਸਾਈ—ਸ੍ਰਿਸ਼ਟੀ ਦਾ ਮਾਲਕ -ਪ੍ਰਭੂ। ਪਹਿਲਵਾਨੜਾ—ਨਿੱਕਾ ਜਿਹਾ ਪਹਿਲਵਾਨ। ਗੁਰ ਮਿਲਿ—ਗੁਰੂ ਨੂੰ ਮਿਲ ਕੇ। ਉਚ ਦੁਮਾਲੜਾ—ਉੱਚੇ ਦੁਮਾਲੇ ਵਾਲਾ {ਨੋਟ:- ਅਖਾੜੇ ਵਿਚ ਜਿੱਤਣ ਵਾਲੇ ਪਹਿਲਵਾਨ ਨੂੰ 'ਮਾਲੀ' ਮਿਲਦੀ ਹੈ। ਉਹ 'ਮਾਲੀ' ਜਾਂ ਸਿਰੋਪਾ ਉਹ ਆਪਣੇ ਸਿਰ ਉੱਤੇ ਬੰਨ੍ਹ ਕੇ ਉੱਚਾ ਤੁਰਲਾ ਛੱਡ ਕੇ ਅਖਾੜੇ ਵਿਚ ਚੁਫੇਰੇ ਫਿਰਦਾ ਹੈ ਤਾ ਕਿ ਲੋਕ ਵੇਖ ਲੈਣ }। ਛਿੰਝ—ਘੋਲ ਵੇਖਣ ਆਏ ਲੋਕਾਂ ਦੀ ਭੀੜ। ਦਯੁ—ਪਿਆਰਾ ਪ੍ਰਭੂ।1।

ਵਾਤ—ਮੂੰਹ ਨਾਲ ਵੱਜਣ ਵਾਲੇ ਵਾਜੇ। ਟੰਮਕ —ਛੋਟੇ ਨਗਾਰੇ। ਭੇਰੀ—ਛੋਟਾ ਨਗਾਰਾ। ਮਲ—ਮੱਲ, ਪਹਿਲਵਾਨ। ਨਿਹਤੇ—ਨਿਹਣ ਲਏ, ਕਾਬੂ ਕਰ ਲਏ। ਗੁਰਿ—ਗੁਰੂ ਨੇ। ਕੰਡਿ—ਪਿੱਠ ਉੱਤੇ।18।

ਇਕਠੇ ਹੋਇ—ਇਕੱਠੇ ਹੋ ਕੇ , ਮਨੁੱਖਾ ਜਨਮ ਲੈ ਕੇ। ਘਰਿ —ਪਰਲੋਕ-ਘਰ ਵਿਚ। ਜਾਸਨਿ —ਜਾਣਗੇ। ਵਾਟ ਵਟਾਇਆ—ਰਸਤਾ ਬਦਲ ਕੇ, ਵੱਖ ਵੱਖ ਜੂਨਾਂ ਵਿਚ ਪੈ ਕੇ। ਲਾਹਾ —ਲਾਭ, ਨਫ਼ਾ। ਮੂਲੁ—ਅਸਲ ਸਰਮਾਇਆ।19।

ਵਰਨ—ਰੰਗ। ਚਿਹਨ—ਨਿਸ਼ਾਨ। ਹਰਿ—ਹੇ ਹਰੀ! ਗੁਣਤਾਸੁ—ਗੁਣਾਂ ਦਾ ਖ਼ਜ਼ਾਨਾ ਪ੍ਰਭੂ। 20।

ਜੁਗਿ ਜੁਗਿ—ਹਰੇਕ ਜੁਗ ਵਿਚ , ਸਦਾ ਹੀ। ਦਯੈ —ਪਿਆਰੇ (ਪ੍ਰਭੂ) ਦੀ। ਸੇਵੜੀ—ਸੋਹਣੀ ਸੇਵਾ। ਗੁਰਿ—ਗੁਰੂ ਨੇ। ਜੇਵੜੀ—ਰੱਸੀ, ਫਾਹੀ। ਮਿਹਡੀ—ਮੇਰੀ। ਬਾਹੁੜਿ—ਫਿਰ, ਮੁੜ। ਨ ਨਚਊ—(ਨ ਨਚਊਂ), ਮੈਂ ਨਹੀਂ ਨੱਚਾਂਗਾ। ਅਉਸਰੁ—ਮੌਕਾ। ਭਾਲਿ—ਭਾਲ ਕੇ, ਢੂੰਢ ਕੇ।2।

ਅਰਥ:- ਮੈਂ ਮਾਲਕ-ਪ੍ਰਭੂ ਦਾ ਅੰਞਾਣ ਜਿਹਾ ਪਹਿਲਵਾਨ ਸਾਂ, ਪਰ ਗੁਰੂ ਨੂੰ ਮਿਲ ਕੇ ਮੈਂ ਉੱਚੇ ਦੁਮਾਲੇ ਵਾਲਾ ਬਣ ਗਿਆ ਹਾਂ। ਜਗਤ-ਅਖਾੜੇ ਵਿਚ ਸਾਰੇ ਜੀਵ ਆ ਇਕੱਠੇ ਹੋਏ ਹਨ, ਤੇ (ਇਸ ਅਖਾੜੇ ਨੂੰ) ਪਿਆਰਾ ਪ੍ਰਭੂ ਆਪ ਬੈਠਾ ਵੇਖ ਰਿਹਾ ਹੈ।17।

ਵਾਜੇ ਵੱਜ ਰਹੇ ਹਨ, ਢੋਲ ਵੱਜ ਰਹੇ ਹਨ, ਨਗਾਰੇ ਵੱਜ ਰਹੇ ਹਨ (ਭਾਵ, ਸਾਰੇ ਜੀਵ ਮਾਇਆ ਵਾਲੀ ਦੌੜ-ਭਜ ਕਰ ਰਹੇ ਹਨ ) ਪਹਿਲਵਾਨ ਆ ਇਕੱਠੇ ਹੋਏ ਹਨ , (ਪਿੜ ਦੇ ਦੁਆਲੇ , ਜਗਤ-ਅਖਾੜੇ ਵਿਚ) ਫੇਰੀਆਂ ਲੈ ਰਹੇ ਹਨ। ਮੇਰੀ ਪਿੱਠ ਉੱਤੇ (ਮੇਰੇ) ਗੁਰੂ ਨੇ ਥਾਪੀ ਦਿੱਤੀ, ਤਾਂ ਮੈਂ (ਵਿਰੋਧੀ) ਪੰਜੇ (ਕਾਮਾਦਿਕ) ਜੁਆਨ ਕਾਬੂ ਕਰ ਲਏ।18।

ਸਾਰੇ (ਨਰ ਨਾਰ ) ਮਨੁੱਖਾ ਜਨਮ ਲੈ ਕੇ ਆਏ ਹਨ , ਪਰ (ਇੱਥੇ ਆਪੋ ਆਪਣੇ ਕੀਤੇ ਕਰਮਾਂ ਅਨੁਸਾਰ) ਪਰਲੋਕ-ਘਰ ਵਿਚ ਵੱਖ ਵੱਖ ਜੂਨਾਂ ਵਿਚ ਪੈ ਕੇ ਜਾਣਗੇ। ਜੇਹੜੇ ਮਨੁੱਖ ਗੁਰੂ ਦੇ ਦੱਸੇ ਰਾਹ ਤੇ ਤੁਰਦੇ ਹਨ , ਉਹ ਇੱਥੋਂ (ਹਰਿ-ਨਾਮ ਦਾ) ਨਫ਼ਾ ਖੱਟ ਕੇ ਜਾਂਦੇ ਹਨ। ਪਰ ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਬੰਦੇ ਪਹਿਲੀ ਰਾਸ -ਪੂੰਜੀ ਭੀ ਗਵਾ ਜਾਂਦੇ ਹਨ (ਪਹਿਲੇ ਕੀਤੇ ਭਲੇ ਕੰਮਾਂ ਦੇ ਸੰਸਕਾਰ ਵੀ ਮੰਦ ਕਰਮਾਂ ਦੀ ਰਾਹੀਂ ਮਿਟਾ ਕੇ ਜਾਂਦੇ ਹਨ)।19।

ਹੇ ਪ੍ਰਭੂ ! ਤੇਰਾ ਨਾਹ ਕੋਈ ਖ਼ਾਸ ਰੰਗ ਹੈ ਤੇ ਨਾਹ ਕੋਈ ਖ਼ਾਸ ਚਿਹਨ -ਚੱਕਰ ਹਨ, ਫਿਰ ਭੀ, ਹੇ ਹਰੀ! ਤੂੰ (ਸਾਰੇ ਜਗਤ ਵਿਚ ਪ੍ਰਤੱਖ ਦਿੱਸਦਾ ਹੈਂ। ਤੇਰੀ ਭਗਤੀ ਕਰਨ ਵਾਲੇ ਬੰਦੇ ਤੇਰੀਆਂ ਸਿਫ਼ਤਾਂ ਸੁਣ ਸੁਣ ਕੇ ਤੈਨੂੰੈ ਸਿਮਰਦੇ ਹਨ। ਤੂੰ ਗੁਣਾਂ ਦਾ ਖ਼ਜ਼ਾਨਾ ਹੈਂ । ਤੇਰੇ ਭਗਤ ਤੇਰੇ ਪਿਆਰ ਵਿਚ ਰੰਗੇ ਰਹਿੰਦੇ ਹਨ। 20।

ਹੇ ਨਾਨਕ! (ਆਖ—) ਗੁਰੂ ਨੇ ਮੇਰੀ (ਮਾਇਆ ਦੇ ਮੋਹ ਦੀ) ਫਾਹੀ ਕੱਟ ਦਿੱਤੀ ਹੈ, ਤੇ ਮੈਂ ਸਦਾ ਹੀ ਉਸ ਪਿਆਰੇ ਪ੍ਰਭੂ ਦੀ ਸੋਹਣੀ ਸੇਵਾ ਭਗਤੀ ਕਰਦਾ ਰਹਿੰਦਾ ਹਾਂ। (ਗੁਰੂ ਦੀ ਕਿਰਪਾ ਨਾਲ) ਢੂੰਢ ਕੇ ਮੈਂ (ਸਿਮਰਨ ਭਗਤੀ ਦਾ ਮੌਕਾ ਪ੍ਰਾਪਤ ਕਰ ਲਿਆ ਹੈ, ਹੁਣ ਮੈਂ ਮੁੜ ਮੁੜ ਇਸ ਜਗਤ-ਅਖਾੜੇ ਵਿਚ ਭਟਕਦਾ ਨਹੀਂ ਫਿਰਾਂਗਾ। 21।2।9।

ਨੋਟ:- ਇਹ ਅੰਕ 29 ਦੱਸਦਾ ਹੈ ਕਿ ਇੱਥੋਂ ਤਕ ਇਹ ਸਾਰੀਆਂ ਅਸਟਪਦੀਆਂ ਹੀ ਹਨ। ਇਹਨਾਂ ਦਾ ਵੇਰਵਾ ਇਉਂ ਹੈ:

ਗੁਰੂ ਨਾਨਕ ਦੇਵ ਜੀ — 17

ਗੁਰੂ ਅਮਰ ਦਾਸ ਜੀ — 8

ਗੁਰਰੂ ਅਰਜਨ ਸਾਹਿਬ —  2

ਗੁਰੂ ਨਾਨਕ ਦੇਵ ਜੀ —  1

ਗੁਰੂ ਅਰਜਨ ਸਾਹਿਬ —  1

. . . . . . . . . . . ——:

. . . . . ਜੋੜ . . . . 29